-1-

**"ਘਰ ਘਰ ਰੋਜ਼ਗਾਰ"**

**ਦਫ਼ਤਰ ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ**
**(ਮਾਈਕਰੋਸਾਫਟ ਬਿਲਡਿੰਗ) ਨੇੜੇ ਗੁਰੂਦੁਆਰਾ ਸਾਚਾ ਧੰਨ**
**ਫੇਜ-3 ਬੀ-1 ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)**
**ਈਮੇਲ - www.educationrecruitmentboard.com**

**ਵਿਗਿਆਪਨ ਨੰ. 9/1-2021ਭਡ(5)/2021**335824 **ਮਿਤੀ:-** 01-10-2021

## ਜਨਤਕ ਨਿਯੁਕਤੀਆਂ

"ਘਰ ਘਰ ਰੋਜ਼ਗਾਰ" ਯੋਜਨਾ ਤਹਿਤ ਮੈਰੀਟੋਰੀਅਸ ਸੁਸਾਇਟੀ, ਪੰਜਾਬ ਦੇ ਪੱਤਰ ਨੰ. MS/301(A)/165079/2021/1847-49 ਮਿਤੀ 24-09-2021 ਅਨੁਸਾਰ ਮੈਰੀਟੋਰੀਅਸ ਸਕੂਲਾਂ ਵਿੱਚ Physics Lecturer ਦੀਆਂ 17 ਅਸਾਮੀਆਂ (ਕੰਟਰੈਕਟ ਤੇ) ਨੂੰ ਭਰਨ ਲਈ ਯੋਗ ਉਮੀਦਵਾਰਾਂ ਪਾਸੋਂ, ਵਿਭਾਗ ਦੀ ਵੈੱਬ ਸਾਈਟ www.educationrecruitmentboard.com ਤੇ ਆਨਲਾਈਨ ਦਰਖਾਸਤਾਂ ਦੀ ਮੰਗ ਮਿਤੀ 20-10-2021 ਤੱਕ ਕੀਤੀ ਜਾਂਦੀ ਹੈ। ਉਪਰੋਕਤ ਅਸਾਮੀਆਂ ਦੀ ਕੈਟਾਗਰੀ ਵਾਈਜ ਵੰਡ ਹੇਠ ਲਿਖੇ ਅਨੁਸਾਰ ਹੈ:-

1. **ਅਸਾਮੀਆਂ ਦੀ ਵੰਡ (ਕੁੱਲ ਅਸਾਮੀਆਂ-17)**

| Name of Post | Category | Number of posts | Total number of posts |
|---|---|---|---|
| Lecturer Physics | General | 4 | 17 |
| | General (Female) | 2 | |
| | SC (Female) (M&B) | 1 | |
| | SC (Female) (R&O) | 1 | |
| | SC (M&B) | 2 | |
| | SC (R&O) | 1 | |
| | Economically Weaker Section (Female) | 1 | |
| | Ex. Serviceman (General) (Female) | 1 | |
| | Ex. Serviceman (General) | 1 | |
| | BC (Female) | 1 | |
| | BC | 1 | |
| | Physically Disabled | 1 | |

ਅਸਾਮੀਆਂ ਦੀ ਗਿਣਤੀ ਬਿਨ੍ਹਾਂ ਕਿਸੇ ਨੋਟਿਸ ਤੋਂ ਘਟਾਈਆਂ ਵਧਾਈਆਂ ਜਾ ਸਕਦੀਆਂ ਹਨ।

2. **ਵਿਦਿਅਕ ਯੋਗਤਾ:-**

i) Should have passed M.Sc Physics / Applied Physics / Nuclear Physics / Electronics Physics or any other equivalent qualification, but equivalency certificate should be given by the concerned University or institution and at least

with 55% marks and should have passed B.Ed with teaching subject Science from a recognized university or institution as per guidelines of University Grants Commission.

ii) However, the relaxation to SC/ST, Backward Caste and physically disabled candidates shall be upto 5% as per the Punjab Government rules.

iii) Knowledge of Punjabi Language of Matriculation Standard.

3. **ਚੋਣ ਦਾ ਢੰਗ:-**

ਇਹਨਾਂ ਆਸਮੀਆਂ ਦੀ ਭਰਤੀ ਕਰਨ ਸਬੰਧੀ ਸਟੇਟ ਪੱਧਰ ਤੇ 150 ਅੰਕਾਂ ਦਾ ਲਿਖਤੀ ਟੈਸਟ ਲਿਆ ਜਾਵੇਗਾ. ਜੋ ਇਹਨਾਂ ਆਸਮੀਆਂ ਲਈ ਦਰਸਾਈਆਂ ਗਈਆਂ ਵਿਦਿਅਕ/ਪ੍ਰੋਫੈਸ਼ਨਲ ਯੋਗਤਾਵਾਂ ਲਈ ਨਿਰਧਾਰਿਤ ਹੋਰ ਸ਼ਰਤਾਂ ਪੂਰੀਆਂ ਕਰਦੇ ਹੋਣਗੇ ਉਹਨਾਂ ਉਮੀਦਵਾਰਾਂ ਦੀ ਮੈਰਿਟ ਨਿਰੋਲ ਲਿਖਤੀ ਟੈਸਟ ਦੇ ਆਧਾਰ ਤੇ ਬਣਾਈ ਜਾਵੇਗੀ।

(ਜੇਕਰ ਇੱਕ ਤੋਂ ਵੱਧ ਉਮੀਦਵਾਰਾਂ ਦੇ ਲਿਖਤੀ ਟੈਸਟ ਵਿਚੋਂ ਬਰਾਬਰ ਅੰਕ ਆਉਂਦੇ ਹਨ ਤਾਂ ਜਿਸ ਉਮੀਦਵਾਰ ਦੀ ਉਮਰ ਵੱਧ ਹੋਵੇਗੀ, ਉਸਨੂੰ ਮੈਰਿਟ ਵਿੱਚ ਪਹਿਲਾਂ ਰੱਖਿਆ ਜਾਵੇਗਾ ਅਤੇ ਜੇਕਰ ਇੱਕ ਤੋਂ ਵੱਧ ਉਮੀਦਵਾਰਾਂ ਦੇ ਅੰਕ ਅਤੇ ਉਮਰ ਦੋਨੋਂ ਇਕੋ ਜਿਹੇ ਹੋਣਗੇ ਤਾਂ ਉਮੀਦਵਾਰਾਂ ਦੇ ਪੋਸਟ ਗ੍ਰੈਜੂਏਸ਼ਨ ਵਿੱਚ ਵੱਧ ਪ੍ਰਤੀਸ਼ਤ ਅੰਕ ਹੋਣਗੇ, ਉਸ ਨੂੰ ਮੈਰਿਟ ਵਿੱਚ ਪਹਿਲਾਂ ਰੱਖਿਆ ਜਾਵੇਗਾ।

4. **ਅਦਾਇਗੀ ਯੋਗ ਰਕਮ:-**

ਚੁਣੇ ਗਏ ਲੈਕਚਰਾਰਾਂ ਨੂੰ 38750+1500 (**Residential Allowance (Fixed)** ਪ੍ਰਤੀ ਮਹੀਨਾ ਉੱਕਾ-ਪੁੱਕਾ ਦਿੱਤੀ ਤਨਖਾਹ ਜਾਵੇਗੀ।

5. **ਉਮਰ ਸੀਮਾ:-**

i) ਮਿਤੀ 01.01.2021 ਨੂੰ ਉਮਰ 18 ਤੋਂ 37 ਸਾਲ ਦਰਮਿਆਨ ਹੋਵੇ।

ii) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਉਮੀਦਵਾਰਾਂ ਦੀ ਉਪਰਲੀ ਉਮਰ ਸੀਮਾਂ ਦੀ ਹੱਦ ਵਿੱਚ 5 ਸਾਲ ਦੀ ਛੋਟ ਹੋਵੇਗੀ।

iii) ਪੰਜਾਬ, ਹੋਰ ਰਾਜਾਂ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਦੀ ਉਪਰਲੀ ਸੀਮਾ ਵਿੱਚ ਪੰਜਾਬ ਸਰਕਾਰ ਦੇ ਰੂਲਾ/ਨਿਯਮਾਂ ਤਹਿਤ ਛੋਟ ਹੋਵੇਗੀ ਜੋ ਕਿ ਵੱਧ ਤੋਂ ਵੱਧ 45 ਸਾਲ ਦੀ ਉਮਰ ਤੱਕ ਹੋਵੇਗੀ।

iv) ਪੰਜਾਬ ਰਾਜ ਦੀਆਂ ਵਿਧਵਾਂ ਅਤੇ ਤਲਾਕਸ਼ੁਦਾ ਔਰਤਾਂ ਦੀ ਉਪਰਲੀ ਸੀਮਾ ਦੀ ਹੱਦ ਵਿੱਚ 42 ਸਾਲ ਤੱਕ ਦੀ ਛੋਟ ਹੋਵੇਗੀ।

v) ਪੰਜਾਬ ਦੇ ਸਰੀਰ ਪੱਖੋਂ ਵਿਲੱਖਣ ਉਮੀਦਵਾਰਾਂ ਦੀ ਉਮਰ ਹੱਦ ਸੀਮਾ ਦੀ ਹੱਦ ਵਿੱਚ 10 ਸਾਲ ਦੀ ਛੋਟ ਹੋਵੇਗੀ।

vi) ਪੰਜਾਬ ਦੇ ਸਾਬਕਾ ਫੌਜੀਆਂ ਵੱਲੋਂ ਉਹਨਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਹਨਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਸੀਮਾ ਤੋਂ ਤਿੰਨ ਸਾਲ ਵੱਧ ਹੋਵੇਗੀ ਤਾਂ ਉਹਨਾਂ ਨੂੰ ਉਮਰ ਸੀਮਾ ਦੀਆਂ ਸ਼ਰਤਾਂ ਤੇ ਸੰਤੁਸ਼ਟਤਾ ਦੇਣੀ ਹੋਵੇਗੀ।

01/10/2021

6. **ਬਿਨੈ-ਪੱਤਰ ਪ੍ਰੋਸੈਸਿੰਗ ਫੀਸ:-**

i) ਜਨਰਲ ਅਤੇ ਹੋਰ ਕੈਟਾਗਰੀ ਦੇ ਉਮੀਦਵਾਰਾਂ ਲਈ - 1000ਰੁਪਏ

ii) ਰਿਜ਼ਰਵ ਕੈਟਾਗਰੀ (ਐਸ.ਸੀ./ਐਸ.ਟੀ) - 500ਰੁਪਏ

iii) ਸਾਬਕਾ ਸੈਨਿਕ (ਖੁੱਦ) - ਕੋਈ ਨਹੀਂ

ਨੋਟ:- ਸਾਬਕਾ ਸੈਨਿਕਾਂ (ਖੁਦ) ਨੂੰ ਫੀਸ ਦੀ ਅਦਾਇਗੀ ਤੋਂ ਛੋਟ ਕੇਵਲ ਇਸ ਸ਼ਰਤ ਤੇ ਦਿੱਤੀ ਜਾਵੇਗੀ ਕਿ ਉਹਨਾਂ ਨੂੰ ਭਾਰਤ ਸਰਕਾਰ ਵੱਲੋਂ ਨੌਕਰੀ ਜਾਂ ਨਿਸ਼ਚਿਤ ਆਮ ਅਰਸਾ ਮੁਕੰਮਲ ਹੋਣ ਤੋਂ ਪਹਿਲਾਂ ਜਾਂ ਖੁਦ ਦੀ ਪ੍ਰਤੀ ਬੇਨਤੀ ਤੇ ਨੌਕਰੀ ਤੋਂ ਫਾਰਗ/ਡਿਸਚਾਰਜ ਨਾਂ ਕੀਤਾ ਗਿਆ ਹੋਵੇ। ਸਾਬਕਾ ਸੈਨਿਕਾਂ ਤੇ ਆਸ਼ਰਿਤਾਂ ਨੂੰ ਲੋੜੀਂਦੀ ਨਿਰਧਾਰਿਤ ਫੀਸ ਦੀ ਅਦਾਇਗੀ ਕਰਨੀ ਹੋਵੇਗੀ ਅਤੇ ਇਸ ਅਸਾਮੀ ਲਈ **Lineal Descendents Certificate (LDC)** ਅਸਲ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਪੇਸ਼ ਕਰਨਾ ਹੋਵੇਗਾ।

7. **ਆਮ ਸ਼ਰਤਾਂ:-**

i) ਜਿਹੜੇ ਉਮੀਦਵਾਰ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਦੇ ਰਾਖਵਾਂਕਰਨ ਦਾ ਲਾਭ ਲੈਣਾ ਚਾਹੁੰਦੇ ਹਨ, ਉਹਨਾਂ ਦੇ ਜਾਤੀ ਸਰਟੀਫਿਕੇਟ ਜੋ ਕਿ ਸਬੰਧਤ ਸਮਰੱਥ ਅਧਿਕਾਰੀ ਵੱਲੋਂ ਜਾਰੀ ਕੀਤੇ ਗਏ ਹੋਣ, ਵਿੱਚ ਜਾਤੀ ਸਪੱਸ਼ਟ ਤੌਰ ਤੇ ਲਿਖੀ ਹੋਵੇ। ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੀ ਉਹ ਇਸਤਰੀ ਉਮੀਦਵਾਰ, ਜਿਹਨਾਂ ਦੇ ਸਰਟੀਫਿਕੇਟ ਵਿਆਹ ਉਪਰੰਤ ਪਤੀ ਦੇ ਨਾਮ ਨਾਲ ਬਣੇ ਹਨ, ਉਹਨਾਂ ਇਸਤਰੀ ਉਮੀਦਵਾਰਾਂ ਨੂੰ ਸਕਰੂਟਨੀ ਸਮੇਂ ਉਹ ਸਰਟੀਫਿਕੇਟ, ਜਿਸ ਵਿੱਚ ਪਿਤਾ ਦਾ ਨਾਮ ਦਰਜ ਹੈ ਜਾਂ ਪਿਤਾ ਦਾ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਦਾ ਸਰਟੀਫਿਕੇਟ ਸਬੂਤ ਵਜੋਂ ਪੇਸ਼ ਕਰਨਾ ਹੋਵੇਗਾ। ਜੇਕਰ ਉਹ ਇਹ ਸਰਟੀਫਿਕੇਟ ਪੇਸ਼ ਨਹੀਂ ਕਰਦੀ ਤਾਂ ਉਸਦੀ ਪਾਤਰਤਾ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਜਿਹੋ ਜਿਹਾ ਵੀ ਕੇਸ ਹੋਵੇ, ਵਿੱਚ ਨਹੀਂ ਵਿਚਾਰੀ ਜਾਵੇਗੀ। ਅਨੁਸੂਚਿਤ ਜਾਤੀ ਦਾ ਰਾਖਵਾਂਕਰਨ ਪੰਜਾਬ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ (ਨੌਕਰੀਆਂ ਵਿੱਚ ਰਾਖਵਾਂਕਰਨ) ਐਕਟ, 2006 ਅਨੁਸਾਰ ਹੋਵੇਗਾ, ਪਰੰਤੂ ਉਹਨਾਂ ਦੀ ਚੋਣ ਇਸ ਸਬੰਧ ਵਿੱਚ ਮਾਣਯੋਗ ਸੁਪਰੀਮ ਕੋਰਟ ਵਿਖੇ ਪੈਡਿੰਗ ਕੇਸ **SLP(CIVIL) No.23507 of 2010 in CWP No 18290 of 2009,** ਪੰਜਾਬ ਸਰਕਾਰ ਅਤੇ ਹੋਰ ਬਨਾਮ ਦਵਿੰਦਰ ਸਿੰਘ ਅਤੇ ਹੋਰ ਦੇ ਅੰਤਿਮ ਫੈਸਲੇ ਦੇ ਨਿਰਭਰ ਹੋਵੇਗੀ।

ii) ਪੱਛੜੀ ਸ਼੍ਰੇਣੀ ਦਾ ਸਰਟੀਫਿਕੇਟ ਉਦੋਂ ਤੱਕ ਵੈਲਿਡ ਮੰਨਿਆ ਜਾਵੇਗਾ ਜਦੋਂ ਤੱਕ ਪ੍ਰਾਰਥੀ ਕਰੀਮੀਲੇਅਰ ਦੇ ਦਾਇਰੇ ਵਿੱਚ ਨਹੀਂ ਆ ਜਾਂਦਾ। ਪੱਛੜੀ ਸ਼੍ਰੇਣੀ ਦਾ ਲਾਭ ਪ੍ਰਾਪਤ ਕਰਨ ਲਈ ਉਮੀਦਵਾਰ ਨੂੰ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਆਪਣੀ ਪ੍ਰਤੀ ਬੇਨਤੀ ਦੇ ਨਾਲ ਇੱਕ ਘੋਸ਼ਣਾ ਪੱਤਰ ਦੇਣਾ ਹੋਵੇਗਾ ਕਿ ਉਸ ਦੇ ਸਟੇਟਸ ਵਿੱਚ ਕੋਈ ਤਬਦੀਲੀ ਨਹੀਂ ਆਈ ਅਤੇ ਉਹ ਕਰੀਮੀਲੇਅਰ ਦੇ ਦਾਇਰੇ ਵਿੱਚ ਨਹੀਂ ਆਉਂਦਾ।

01/7/2021

iii) ਸਾਬਕਾ ਕੋਟੇ ਅਧੀਨ ਰਾਖਵਾਂਕਰਨ ਕੇਵਲ, ਪੰਜਾਬ ਦੇ ਵਸਨੀਕਾਂ ਤੇ ਹੀ ਲਾਗੂ ਹੋਵੇਗਾ। ਜੇਕਰ ਸਾਬਕਾ ਸੈਨਿਕ ਖੁਦ ਉਮੀਦਵਾਰ ਨਾ ਹੋਵੇ, ਤਾਂ ਇਹ ਰਾਖਵਾਂਕਰਨ ਆਸ਼ਰਿਤਾਂ ਲਈ ਲਾਗੂ

ਹੋਵੇਗਾ। ਅਜਿਹੇ ਸਾਬਕਾ ਸੈਨਿਕ/ਆਸ਼ਰਿਤ ਸੈਨਿਕ ਸਮਰੱਥ ਅਧਿਕਾਰੀ ਵੱਲੋਂ ਜਾਰੀ ਕੀਤਾ ਗਿਆ ਲੋੜੀਂਦਾ ਅਸਲ ਸਰਟੀਫਿਕੇਟ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਪੇਸ਼ ਕਰਨਗੇ।

iv) ਸੁਤੰਤਰਤਾ ਸੈਨਾਨੀ ਕੋਟੇ ਅਧੀਨ ਰਾਖਵਾਂਕਰਨ ਲੈਣ ਵਾਲੇ ਉਮੀਦਵਾਰ ਸਰਕਾਰ ਦੇ ਪੱਤਰ ਨੰ. 16/57-97-8ਪੀ-3ਸਪੈ 503 ਮਿਤੀ 27.11.2000 ਅਨੁਸਾਰ ਸਮਰੱਥ ਅਧਿਕਾਰੀ ਵੱਲੋਂ ਜਾਰੀ ਕੀਤਾ ਗਿਆ ਲੋੜੀਂਦਾ ਅਸਲ ਸਰਟੀਫਿਕੇਟ ਅਸਲ ਦਸਤਾਵੇਜਾਂ ਦੀ ਸਕਰੂਟਨੀ ਦੇ ਸਮੇਂ ਪੇਸ਼ ਕਰਨਗੇ।

v) ਖਿਡਾਰੀ ਕੋਟੇ ਅਧੀਨ ਰਾਖਵਾਂਕਰਨ ਲੈਣ ਵਾਲੇ ਉਮੀਦਵਾਰਾਂ ਨੂੰ ਸਕਰੂਟਨੀ ਸਮੇਂ ਸਰਟੀਫਿਕੇਟ ਪੇਸ਼ ਕਰਨਾ ਹੋਵੇਗਾ। ਜਿਸਦੀ ਡਾਇਰੈਕਟਰ ਸਪੋਰਟਸ, ਪੰਜਾਬ ਵੱਲੋਂ ਗਰੇਡਏਸ਼ਨ ਕੀਤੀ ਹੋਵੇ। ਸਪੋਰਟਸ ਕੈਟਾਗਰੀ ਵਿੱਚ ਸਿਰਫ ਸਪੋਰਟਸ ਮੈਰਿਟ ਨੂੰ ਹੀ ਆਧਾਰ ਮੰਨਿਆ ਜਾਵੇਗਾ ਜੋ ਡਾਇਰੈਕਟਰ ਸਪੋਰਟਸ ਪੰਜਾਬ ਵੱਲੋਂ ਆਪਣੇ ਨਿਯਮਾਂ ਅਨੁਸਾਰ ਤਿਆਰ ਕੀਤੀ ਜਾਵੇਗੀ।

vi) ਸਰੀਰਕ ਪੱਖੋਂ ਵਿਲੱਖਣ ਕੋਟੇ ਅਧੀਨ ਰਾਖਵਾਂਕਰਨ ਪੰਜਾਬ ਸਰਕਾਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਪੱਤਰ ਨੰ. 1/1/2017-3**DC/1588894/1 dated 03.10.2019** ਅਨੁਸਾਰ ਹੋਵੇਗਾ। ਚਾਹਵਾਨ ਉਮੀਦਵਾਰ ਵਿਗਿਆਪਨ ਵਿੱਚ ਅਪਲਾਈ ਕ**ਰਨ** ਦੀ ਦਰਸਾਈ ਆਖਰੀ ਮਿਤੀ ਤੋਂ ਪਹਿਲਾਂ ਦਾ ਸਮਰੱਥ ਅਧਿਕਾਰੀ ਦੁਆਰਾ ਜਾਰੀ ਅਪਾਹਜ ਦਾ ਸਰੀਫਿਕੇਟ ਦਸਤਾਵੇਜ਼ ਸਕਰੂਟਨੀ ਸਮੇਂ ਪੇਸ਼ ਕਰੇਗਾ, ਜਿਸ ਵਿੱਚ ਉਪਰਲੀ ਜਾਂ ਹੇਠਲੀ ਅੰਗਹੀਣਤਾ ਹੱਦ ਦੇ 40% ਸਥਾਈ/ਅੰਸ਼ਿਕ ਦਰਜ ਹੋਵੇ। ਇਸ ਸਰਟੀਫਿਕੇਟ ਵਿੱਚ ਸਿਵਲ ਰੁਜ਼ਗਾਰ/ਨਿਰਧਾਰਤ ਅਸਾਮੀ ਲਈ ਫਿੱਟ ਹੋਣਾ ਵੀ ਦਰਸਾਇਆ ਜਾਣਾ ਜ਼ਰੂਰੀ ਹੈ। ਇਹ ਸਰਟੀਫਿਕੇਟ ਜ਼ਿਲ੍ਹੇ ਦੇ ਸਿਵਲ ਸਰਜਨ ਜਾਂ ਉਹਨਾਂ ਵੱਲੋਂ ਅਧਿਕਾਰਤ ਮੈਡੀਕਲ ਅਫਸਰ ਵੱਲੋਂ ਜਾਰੀ ਕੀਤਾ ਹੋਵੇ।

vii) ਇਹ ਅਸਾਮੀਆਂ **"The Punjab Civil Service (Reservation if posts for Women) Rules, 2020'** ਜੋ ਕਿ ਮਿਤੀ 21.10.2020, 29.12.2020 ਨੂੰ ਅਧਿਸੂਚਿਤ ਕੀਤੇ ਗਏ ਹਨ, ਅਨੁਸਾਰ ਭਰੀਆਂ ਜਾਣੀਆਂ ਹਨ।

viii) ਇਹ ਅਸਾਮੀਆਂ ਪੰਜਾਬ ਸਰਕਾਰ ਸਮਾਜਿਕ ਨਿਆਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ ਦੇ ਪੱਤਰ ਨੰ. 1/24/2020-**RCI/775 dated 18.12.2020** ਅਨੁਸਾਰ ਭਰੀਆਂ ਜਾਣਗੀਆਂ।

ix) ਰਾਖਵਾਂਕਰਨ ਦੀ ਨੀਤੀ ਪੰਜਾਬ ਸਰਕਾਰ ਦੀਆਂ ਸਮੇਂ-ਸਮੇਂ ਜਾਰੀ ਕੀਤੀਆਂ ਹਦਾਇਤਾਂ ਅਨੁਸਾਰ ਲਾਗੂ ਹੋਵੇਗੀ।

x) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਰਾਜ ਦੇ ਮੂਲ ਰੂਪ ਵਿੱਚ ਪੱਕੇ ਵਾਸੀਆਂ ਨੂੰ ਹੀ ਪ੍ਰਾਪਤ ਹੋਵੇਗਾ।

01/4/2021